# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ MSME ਸੈਕਟਰ ਤੇ ਬਜਟ ਤੋਂ ਬਾਅਦ ਦੇ ਵਬੀਨਾਰ ਨੂੰ ਸੰਬੋਧਨ ਕੀਤਾ। ਉਹਨਾਂ ਕਿਹਾ ਕਿ ਇਹ ਬਜਟ ਸਾਡੀ ਸਰਕਾਰ ਦੇ ਤੀਜੇ ਕਾਰਜਕਾਲ ਦਾ ਪੈਹਲਾ ਪੂਰਾ ਬਜਟ ਸੀ। ਇਸ ਬਜਟ ਦੀ ਸਭ ਤੋਂ ਖਾਸ ਗੱਲ ਇਹ ਰਹੀ ਕਿ ਇਸ ਨੇ ਉਮੀਦਾਂ ਤੋਂ ਵੱਧ deliver ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ MSME ਸੈਕਟਰ ਨੂੰ ਕਰਜ਼ਾ ਦੇਣ ਅਸਾਨ ਬਣਾਇਆ ਏ । ਉਹਨਾਂ ਕਿਹਾ ਕਿ ਇਸ ਬਜਟ ਵਿੱਚ MSME ਦੇ ਕਰਜੇ ਨੂੰ ਦੁੱਗਣਾ ਕਰ ਕੇ 20 ਕਰੋੜ ਰੁਪਏ ਤਕ ਕੀਤਾ ਗਿਆ ਏ , ਜਿਸ ਨਾਲ ਸੈਕਟਰ ਨੂੰ ਮੱਦਦ ਮਿਲੇਗੀ। ਇਸ ਤੋਂ ਪਿਹਲਾਂ ਪ੍ਰਧਾਨ ਮੰਤਰੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਵੈਬਿਨਾਰ MSME ਨੂੰ ਵਿਕਾਸ, ਨਿਰਮਾਣ, ਨਿਰਯਾਤ ਅਤੇ ਪ੍ਰਮਾਣੂ ਊਰਜਾ ਮਿਸ਼ਨਾਂ, ਅਤੇ ਰੈਗੂਲੇਟਰੀ, ਨਿਵੇਸ਼ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਦੇ ਸੁਧਾਰਾਂ ਦੇ ਇੱਕ ਇੰਜਣ ਵਜੋਂ ਕਰਵਾਏ ਜਾ ਰਹੇ ਨੇ ।

------------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਹਾਈਬ੍ਰਿਡ ਯੁੱਧ, ਸਾਈਬਰ ਤੇ ਪੁਲਾੜ-ਅਧਾਰਤ ਰੁਕਾਵਟਾਂ ਵਰਗੇ ਗੈਰ-ਰਵਾਇਤੀ ਖ਼ਤਰੇ ਸੁਰੱਖਿਆ ਉਪਕਰਣ ਲਈ ਚੁਣੌਤੀਆਂ ਪੈਦਾ ਕਰ ਰਹੇ ਨੇ। ਉਨ੍ਹਾਂ ਦੱਸਿਆ ਕਿ ਦੁਨੀਆ ਭਰ ਵਿਚ ਸੁਰੱਖਿਆ ਸਥਿਤੀਆਂ ਕਾਫ਼ੀ ਗੁੰਝਲਦਾਰ ਹੋ ਗਈਆਂ ਨੇ । ਅੱਜ ਨਵੀਂ ਦਿੱਲੀ ਵਿਚ ਅੰਦਰੂਨੀ ਸੁਰੱਖਿਆ ਲਈ ਉੱਨਤ ਤਕਨਾਲੋਜੀਆਂ 'ਤੇ ਸੈਮੀਨਾਰ ਵਿਚ ਬੋਲਦਿਆਂ ਉਨ੍ਹਾਂ ਚੁਣੌਤੀਆਂ ਦੇ ਬਿਹਤਰ ਹੱਲ ਕੱਢਣ ਲਈ ਖਾਸ ਖੇਤਰਾਂ 'ਤੇ ਧਿਆਨ ਕੇਂਦਰਿਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਯਤਨ ਕਰ ਰਹੀ ਏ ਕਿ ਸੰਸਥਾਵਾਂ ਇੱਕ ਦੂਜੇ ਨਾਲ ਸਹਿਯੋਗੀ ਢੰਗ ਨਾਲ ਕੰਮ ਕਰਨ। ਰੱਖਿਆ ਖੋਜ ਤੇ ਵਿਕਾਸ ਸੰਗਠਨ (ਡੀ. ਆਰ. ਡੀ. ੳ.) ਦੁਆਰਾ ਦਿੱਤੇ ਗਏ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਸੰਗਠਨ ਦੁਆਰਾ ਕਈ ਵਿਸ਼ੇਸ਼ ਤਕਨਾਲੋਜੀਆਂ ਵਿਕਸਤ ਕੀਤੀਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਡੀਆਰਡੀਓ ਨੇ ਕੇਂਦਰੀ ਨੀਮ ਫੌਜੀ ਬਲਾਂ ਅਤੇ ਹੋਰ ਸੁਰੱਖਿਆ ਏਜੰਸੀਆਂ ਦੇ ਆਧੁਨਿਕੀਕਰਨ ਲਈ ਕਈ ਤਰ੍ਹਾਂ ਦੀਆਂ ਤਕਨਾਲੋਜੀਆਂ ਵੀ ਵਿਕਸਤ ਕੀਤੀਆਂ ਨੇ।

-------------------------------------------------------------------

ਪੰਜਾਬ ਵਿਚ ਕੁਝ ਕਿਸਾਨ ਜੱਥੇਬੰਧੀਆ ਵਲੋਂ ਕੱਲ੍ਹ 5 ਮਾਰਚ ਨੂੰ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਦੇ ਸੱਦੇ ਦੇ ਮੱਦੇਨਜ਼ਰ ਬੀਤੀ ਦੇਰ ਰਾਤ ਤੇ ਅੱਜ ਸਵੇਰੇ ਸੂਬੇ ਭਰ ਵਿਚ ਕਈ ਕਿਸਾਨ ਆਗੂਆਂ ਦੇ ਘਰਾਂ 'ਤੇ ਛਾਪੇ ਮਾਰੇ ਗਏ ਨੇ ਤੇ ਇਹਤਿਆਤ ਵਜੋਂ ਕੁਝ ਆਗੂਆਂ ਨੂੰ ਹਿਰਾਸਤ ਵਿਚ ਲਿਆ ਗਿਆ ਏ । ਸੂਤਰਾਂ ਨੇ ਪੁਸ਼ਟੀ ਕੀਤੀ ਏ  ਕਿ ਪੰਜਾਬ ਪੁਲਿਸ ਨੇ ਛਾਪੇਮਾਰੀ ਕੀਤੀ ਤੇ ਕੁਝ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ, ਕੁਝ ਨੂੰ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ ਏ  ਜਦਕਿ ਕੁਝ ਹੋਰ ਰੂਪੋਸ਼ ਹੋ ਗਏ ਨੇ । ਸੂਬਾ ਸਰਕਾਰ ਦੇ ਸੱਦੇ ਤੇ ਕਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਿਸਾਨ ਜੱਥੇਬੰਦੀਆ ਨਾਲ ਉਹਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਈ ਬੈਠਕ ਵਿੱਚੋਂ ਮਾਨ ਵੱਲੋਂ ਕਥਿਤ ਤੋਰ ਤੇ ਵਾੱਕਆਉਟ ਕਰਨ ਦੀ ਵੀ ਖ਼ਬਰ ਏ । ਇਹ ਬੈਠਕ ਚੰਡੀਗੜ੍ਹ ਵਿਖੇ ਮੀਟਿੰਗ ਬੁਲਾਈ ਗਈ ਸੀ। ਹਾਲਾਂਕਿ ਕਿਸਾਨਾਂ ਨਾਲ ਗੱਲਬਾਤ ਦੌਰਾਨ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਕਿਸਾਨਾਂ ਨਾਲ ਗੱਲਬਾਤ ਲਈ ਉਨ੍ਹਾਂ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਨੇ ਪਰ ਅੰਦੋਲਨ ਦੇ ਨਾਮ 'ਤੇ ਆਮ ਲੋਕਾਂ ਨੂੰ ਹੋਣ ਵਾਲੀ ਅਸੁਵਿਧਾ ਤੇ ਪ੍ਰੇਸ਼ਾਨੀ ਤੋਂ ਬਚਿਆ ਜਾਣਾ ਚਾਹੀਦਾ ਏ । ਇਸੇ  ਦੌਰਾਨ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਐਮਰਜੈਂਸੀ ਵਰਗੀ ਸਥਿਤੀ ਪੈਦਾ ਕਰਨ ਲਈ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਏ ।

ਇਕ ਸੋਸ਼ਲ ਮੀਡੀਆ ਪੋਸਟ ਵਿੱਚ ਉਨ੍ਹਾਂ ਕਿਹਾ ਏ ਕਿ ਕਿਸਾਨਾਂ ਨਾਲ ਸਬੰਧਤ ਮੁੱਦਿਆਂ ਦਾ ਸਾਹਮਣਾ ਕਰਨ ਤੋਂ ਬਾਅਦ ਪੰਜਾਬ ਸਰਕਾਰ ਨੇ ਕਿਸਾਨ ਆਗੂਆਂ 'ਤੇ ਪੁਲਿਸ ਚਾਲਾਂ ਦਾ ਸਹਾਰਾ ਲਿਆ ਏ। ਇਹ ਪੁਲਿਸ ਕਾਰਵਾਈ ਬਹੁਤ ਨਿੰਦਣਯੋਗ ਏ ਤੇ ਇਹ ਸੂਬਾ ਸਰਕਾਰ ਦੀ ਕਿਸਾਨ ਵਿਰੋਧੀ ਮਾਨਸਿਕਤਾ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੀ ਏ। ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਵੀ ਕਿਸਾਨਾਂ ਦੀ ਹਿਰਾਸਤ ਦੀ ਨਿੰਦਾ ਕੀਤੀ ਏ ਤੇ ਇਸ ਨੂੰ ਉਨ੍ਹਾਂ ਦੇ ਵਿਰੋਧ ਮਾਰਚ ਨੂੰ ਅਸਫਲ ਕਰਨ ਦੀ ਇਕ ਘਟੀਆ ਕੋਸ਼ਿਸ਼ ਕਰਾਰ ਦਿੱਤਾ ਏ।

---------------------------------------------------------------------

ਪੰਜਾਬ ਸਰਕਾਰ ਸੂਬੇ ਭਰ ਵਿਚ ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਖਤਮ ਕਰਨ ਲਈ ਯਤਨ ਤੇਜ਼ ਕਰ ਰਹੀ ਏ। 7 ਦਿਨਾਂ ਦੇ ਵਿਚ-ਵਿੱਚ 8 ਨਸ਼ਾ ਤਸਕਰਾਂ ਦੀਆਂ ਨਜ਼ਾਇਜ਼ ਜਾਇਦਾਦਾਂ ਢਾਹ ਦਿੱਤੀਆਂ ਗਈਆਂ ਨੇ। ਬਠਿੰਡਾ ਦੇ ਪਿੰਡ ਬੀੜ ਤਾਲਾਬ ਵਿਚ ਨਸ਼ੇ ਦੀ ਤਸਕਰੀ ਨਾਲ ਜੁੜੀ ਇਕ ਗੈਰ-ਕਾਨੂੰਨੀ ਜਾਇਦਾਦ ਨੂੰ ਢਾਹਣ ਵਾਲੀ ਕਾਰਵਾਈ ਬਾਰੇ ਜਾਣਕਾਰੀ ਦਿੰਦੇ ਹੋਏ ਐਸ. ਐਸ. ਪੀ. ਅਮਨੀਤ ਕੌਂਡਲ ਨੇ ਕਿਹਾ ਕਿ ਅਸੀਂ ਨਸ਼ੀਲੇ ਪਦਾਰਥਾਂ ਦੇ ਵਪਾਰ ਤੋਂ ਜਾਇਦਾਦਾਂ ਬਣਾਉਣ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਕਾਨੂੰਨ ਤੇਹਤ ਸਖ਼ਤ ਕਾਰਵਾਈ ਕਰਨ ਲਈ ਵਚਨਬੱਧ ਹਾਂ ਤੇ ਕੋਈ ਵੀ ਨਸ਼ਾ

ਤਸਕਰ ਸਜ਼ਾ ਤੋਂ ਨਹੀਂ ਬਚੇਗਾ। ਐਸਐਸਪੀ ਨੇ ਜਨਤਾ ਨੂੰ ਚੌਕਸ ਰਹਿਣ ਤੇ ਆਪਣੇ ਆਲੇ-ਦੁਆਲੇ ਕਿਸੇ ਵੀ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਗਤੀਵਿਧੀ ਦੀ ਰਿਪੋਰਟ ਕਰਨ ਦੀ ਅਪੀਲ ਕੀਤੀ । ਉਹਨਾਂ ਕਿਹਾ ਕਿ ਇਸ ਬਾਰੇ ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ।

---------------------------------------------------------------------

ਸੂਬੇ ਵਿਚ "ਯੁੱਧ ਨਸ਼ੀਆਂ ਵਿਰੁੱਧ" ਦੇ ਤੀਜੇ ਦਿਨ ਪੰਜਾਬ ਪੁਲਿਸ ਨੇ 70 ਨਸ਼ੀਲੇ ਪਦਾਰਥਾਂ ਦੇ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਵਿਚ ਦੋ ਨੂੰ ਗੋਲੀਬਾਰੀ ਤੋਂ ਬਾਅਦ ਹਿਰਾਸਤ ਵਿੱਚ ਲਿਆ ਗਿਆ। ਸੂਬੇ ਭਰ ਵਿਚ 48 ਐਫਆਈਆਰ ਦਰਜ ਕੀਤੀਆਂ। ਇਸ ਨਾਲ ਪਿਛਲੇ ਤਿੰਨ ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੀ ਗਿਣਤੀ 403 ਹੋ ਗਈ ਏ । ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੇ ਕਬਜ਼ੇ ਵਿਚੋਂ 4.63 ਕਿਲੋਗ੍ਰਾਮ ਹੈਰੋਇਨ, 500 ਗ੍ਰਾਮ ਗਾਂਜਾ, 100 ਗ੍ਰਾਮ ਅਫੀਮ, 1548 ਨਸ਼ੀਲੀਆਂ ਗੋਲੀਆਂ/ਗੋਲੀਆਂ/ਟੀਕੇ ਅਤੇ 1.32 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ ।

---------------------------------------------------------------------

ਚੈਂਪੀਅਨਜ਼ ਟਰਾਫੀ ਦੇ ਪਹਿਲੇ ਸੈਮੀਫਾਈਨਲ ਵਿਚ ਅੱਜ

ਦੁਪਹਿਰ 2.30 ਵਜੇ ਦੁਬਈ ਵਿਖੇ ਭਾਰਤ ਦਾ ਮੁਕਾਬਲਾ ਆਸਟ੍ਰੇਲੀਆ ਨਾਲ ਹੋਵੇਗਾ । ਟੀਮ ਇੰਡੀਆ ਨੇ ਐਤਵਾਰ ਨੂੰ ਦੁਬਈ ਵਿਚ ਆਪਣੇ ਆਖਰੀ ਲੀਗ ਮੈਚ ਵਿੱਚ ਨਿਊਜ਼ੀਲੈਂਡ ਨੂੰ 44 ਦੌੜਾਂ ਨਾਲ ਹਰਾਇਆ ਸੀ । ਕੱਲ੍ਹ ਟੂਰਨਾਮੈਂਟ ਦੇ ਦੂਜੇ ਸੈਮੀਫਾਈਨਲ ਵਿਚ ਨਿਊਜ਼ੀਲੈਂਡ ਲਾਹੌਰ ਵਿੱਚ ਗਰੁੱਪ ਬੀ ਦੇ ਜੇਤੂ ਦੱਖਣੀ ਅਫਰੀਕਾ ਨਾਲ ਭਿੜੇਗਾ। ਇਨ੍ਹਾਂ ਸੈਮੀਫਾਈਨਲ ਦੇ ਜੇਤੂ ਐਤਵਾਰ 9 ਮਾਰਚ ਨੂੰ ਫਾਈਨਲ ਵਿਚ ਭਿੜਨਗੇ।